ਦਫਤਰ ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ, ਚੰਡੀਗੜ੍ਹ।
(ਮੰਡੀਕਰਨ ਸ਼ਾਖਾ)

ਵੱਲ

1) ਪ੍ਰਬੰਧਕ ਨਿਰਦੇਸ਼ਕ,
ਮਾਰਕਫੈਡ, ਪੰਜਾਬ, ਚੰਡੀਗੜ੍ਹ।

2) ਸਟੇਟ ਮਾਰਕੀਟਿੰਗ ਮੈਨੇਜਰ, (ਪੰਜਾਬ),
ਇਫਕੋ, ਚੰਡੀਗੜ੍ਹ।

3) ਸਮੂਹ ਸੰਯੁਕਤ/ਉਪ/ਸਹਾਇਕ ਰਜਿਸਟਰਾਰ,
ਸਹਿਕਾਰੀ ਸਭਾਵਾਂ, ਖੇਤਰ ਵਿੱਚ।

ਮੀਮੋ ਨੰ: ਰਸਸ/ਮੰਡੀ:/ਨ.ਖ./8132
ਚੰਡੀਗੜ੍ਹ ਮਿਤੀ: 26-9-16

ਵਿਸ਼ਾ:- **ਸਹਿਕਾਰੀ ਸਭਾਵਾਂ ਰਾਹੀਂ ਸਭਾਵਾਂ ਦੇ ਮੈਂਬਰ ਕਿਸਾਨਾਂ ਨੂੰ ਉਚੇਰੇ ਮਿਆਰ ਦੇ ਐਗਰੋ ਕੈਮੀਕਲਜ਼ ਮੁਹੱਈਆ ਕਰਵਾਉਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਦੱਸਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਖੇਤੀਬਾੜੀ ਵਿਭਾਗ ਵੱਲੋਂ ਪੱਤਰ ਨੰ.13/8/14-ਖ.ਬ.2(10)/9318 ਮਿਤੀ 05/08/2013 ਰਾਹੀਂ ਮਾਨਯੋਗ ਵਿੱਤੀ ਕਮਿਸ਼ਨਰ ਵਿਕਾਸ, ਪੰਜਾਬ, ਚੰਡੀਗੜ੍ਹ ਜੀ ਦੀ ਪ੍ਰਧਾਨਗੀ ਹੇਠ ਗਠਿਤ ਉੱਚ ਪੱਧਰੀ ਕਮੇਟੀ ਵਲੋਂ ਮਿਤੀ 10.08.16 ਨੂੰ ਕੀਤੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਪ੍ਰਾਈਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀ ਲੇਟੈਸਟ ਅਪਡੇਟਿਡ ਐਗਰੋ ਕੈਮੀਕਲਜ਼ ਦੀ ਸੂਚੀ ਵਿੱਚ ਦਰਜ ਫਸਲਾਂ-cotton, wheat, paddy, maize, sugarcane, citrus ਅਤੇ potato ਲਈ ਪੀ.ਏ.ਯੂ, ਲੁਧਿਆਣਾ ਵਲੋਂ ਸਿਫਾਰਿਸ਼ ਅਤੇ ਉੱਚ ਪੱਧਰੀ ਕਮੇਟੀ ਵਲੋਂ ਪ੍ਰਵਾਨਿਤ ਐਗਰੋ ਕੈਮੀਕਲਜ਼ ਦੇ ਬਰਾਂਡ, ਜਿਨ੍ਹਾਂ ਦੇ ਲੇਬਲ competent authority ਤੋਂ ਅਪਰੂਵਡ ਹਨ, ਦੀ ਸਪਲਾਈ ਆਪਣੇ ਮੈਂਬਰ ਕਿਸਾਨਾਂ ਨੂੰ ਕਰਨਗੀਆਂ।ਪ੍ਰਾਈਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਨੂੰ ਉਕਤ ਫਸਲਾਂ ਲਈ ਪੀ.ਏ.ਯੂ, ਲੁਧਿਆਣਾ ਵਲੋਂ ਸਿਫਾਰਿਸ਼ ਅਤੇ ਉੱਚ ਪੱਧਰੀ ਕਮੇਟੀ ਵਲੋਂ ਪ੍ਰਵਾਨਿਤ ਐਗਰੋ ਕੈਮੀਕਲਜ਼ ਦੇ ਬਰਾਂਡਾਂ ਦੀ ਸਪਲਾਈ ਆਪਣੇ ਪੱਧਰ ਤੇ ਆਪਣੇ ਮੈਂਬਰਾਂ ਦੀ ਮੰਗ ਅਨੁਸਾਰ ਕਰਨ ਦੀ ਖੁੱਲ ਹੋਵੇਗੀ।।ਇਹ ਬਰਾਂਡ ਕੰਪਨੀਆਂ ਦੇ ਅਧਿਕਾਰਿਤ ਡੀਲਰ ਜਾਂ ਡਿਸਟ੍ਰੀਬਿਊਟਰ ਤੋਂ ਹੀ ਲਏ ਜਾਣਗੇ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਤੋਂ ਪ੍ਰਾਪਤ ਲੇਟੈਸਟ ਅਪਡੇਟਿਡ ਐਗਰੋ ਕੈਮੀਕਲਜ਼ ਦੀ ਸੂਚੀ ਈ-ਮੇਲ ਰਾਹੀਂ ਭੇਜ਼ ਦਿੱਤੀ ਗਈ ਹੈ।

ਇਸ ਸੂਚੀ ਵਿੱਚੋਂ ਜਿਹੜੇ ਐਗਰੋ ਕੈਮੀਕਲਜ਼ ਦੇ ਬਰਾਂਡਾਂ ਦੇ ਰੇਟ, ਕੰਟਰੋਲਰ ਆਫ ਸਟੋਰਜ਼, ਪੰਜਾਬ ਵਲੋਂ ਆਪਣੇ ਪੱਤਰ ਮਿਤੀ 09.06.16, ਮਿਤੀ 09.06.16, ਮਿਤੀ 13.06.16 ਅਤੇ ਪੱਤਰ ਮਿਤੀ 08.08.16 (ਕਾਪੀ ਨੱਥੀ) ਰਾਹੀਂ ਪ੍ਰਵਾਨ ਕੀਤੇ ਗਏ ਹਨ, ਉਨ੍ਹਾਂ ਦੇ ਰੇਟ ਉਸ ਅਨੁਸਾਰ ਹੋਣਗੇ।

ਇਹ ਯਕੀਨੀ ਬਣਾਇਆ ਜਾਵੇ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਲੋਂ ਸਿਫਾਰਿਸ਼ ਅਤੇ ਉੱਚ ਪੱਧਰੀ ਕਮੇਟੀ ਵਲੋਂ ਪ੍ਰਵਾਨਿਤ ਐਗਰੋ ਕੈਮੀਕਲਜ਼ ਦੇ ਬਰਾਂਡਾਂ ਤੋਂ ਇਲਾਵਾ ਹੋਰ ਕਿਸੇ ਬਰਾਂਡ ਦੀ ਖਰੀਦ/ਸਪਲਾਈ ਨਾ ਕੀਤੀ ਜਾਵੇ।

ਇਹ ਹਦਾਇਤਾਂ ਪੰਜਾਬ ਕੋਆਪ੍ਰੇਟਿਵ ਸੁਸਾਇਟੀਜ਼ ਰੂਲ 1963 ਦੇ ਰੂਲ ਨੰ.45 ਅਧੀਨ ਜਾਰੀ ਕੀਤੀਆਂ ਜਾਂਦੀਆਂ ਹਨ।

ਨੱਥੀ:ਉਕਤ ਅਨੁਸਾਰ।

ਵਧੀਕ ਰਜਿਸਟਰਾਰ (ਜੀ)
ਵਾਸਤੇ:ਰਜਿਸਟਰਾਰ, ਸਹਿਕਾਰੀ ਸਭਾਵਾਂ,
ਪੰਜਾਬ, ਚੰਡੀਗੜ੍ਹ।

ਪਿੱਠ ਅੰਕਣ ਨੰ:ਰਸਸ/ਮੰਡੀ:/ਨ.ਖ./ 9123-29 ਮਿਤੀ: 26.9.16

ਉਪਰੋਕਤ ਦਾ ਉਤਾਰਾ:

1. ਨਿੱਜੀ ਸਕੱਤਰ,ਵਿੱਤੀ ਕਮਿਸਨਰ (ਸਹਿਕਾਰਤਾ) ਪੰਜਾਬ ਸਰਕਾਰ, ਨੂੰ ਮਾਨਯੋਗ ਵਿੱਤੀ ਕਮਿਸਨਰ, (ਸਹਿਕਾਰਤਾ) ਜੀ ਦੀ ਜਾਣਕਾਰੀ ਹਿੱਤ।
2. ਨਿੱਜੀ ਸਕੱਤਰ,ਵਿੱਤੀ ਕਮਿਸਨਰ (ਵਿਕਾਸ) ਪੰਜਾਬ ਸਰਕਾਰ, ਨੂੰ ਮਾਨਯੋਗ ਵਿੱਤੀ ਕਮਿਸਨਰ (ਵਿਕਾਸ) ਜੀ ਦੀ ਜਾਣਕਾਰੀ ਹਿੱਤ।
3. ਨਿੱਜੀ ਸਹਾਇਕ,ਰਜਿਸਟਰਾਰ,ਸਹਿਕਾਰੀ ਸਭਾਵਾਂ,ਪੰਜਾਬ ਚੰਡੀਗੜ੍ਹ ਨੂੰ ਮਾਨਯੋਗ ਰ.ਸ.ਸ ਜੀ ਦੀ ਜਾਣਕਾਰੀ ਹਿੱਤ।
4. ਪ੍ਰਬੰਧਕ ਨਿਰਦੇਸਕ,ਦੀ ਪੰਜਾਬ ਰਾਜ ਸਹਿਕਾਰੀ ਬੈਂਕ ਲਿਮ: ਚੰਡੀਗੜ੍ਹ ਨੂੰ ਜਰੂਰੀ ਕਾਰਵਾਈ ਅਤੇ ਜਾਣਕਾਰੀ ਹਿੱਤ।
5. ਪ੍ਰਬੰਧ ਨਿਰਦੇਸਕ,ਪੰਨਕੋਫੈਡ,ਪੰਜਾਬ ਚੰਡੀਗੜ੍ਹ ਨੂੰ ਲੋੜੀਦੀ ਕਾਰਵਾਈ ਲਈ।
6. ਡਾਇਰੈਕਟਰ ਖੇਤੀਬਾੜੀ,ਪੰਜਾਬ,ਐਸ.ਏ.ਐਸ ਨਗਰ ਨੂੰ ਸੂਚਨਾ ਹਿੱਤ।
7. ਪ੍ਰਬੰਧ ਨਿਰਦੇਸਕ/ਮੈਨੇਜਰ ਸਮੂਹ ਕੇਦਰੀ ਸਹਿਕਾਰੀ ਬੈਕ ਪੰਜਾਬ ਰਾਜ ਵਿੱਚ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਹਿੱਤ।

ਵਧੀਕ ਰਜਿਸਟਰਾਰ (ਜੀ)
ਵਾਸਤੇ:ਰਜਿਸਟਰਾਰ, ਸਹਿਕਾਰੀ ਸਭਾਵਾਂ,
ਪੰਜਾਬ, ਚੰਡੀਗੜ੍ਹ।